# ਰਾਜ ਵਿਦਿਅਕ ਖ਼ੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

**ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਐਸ.ਏ.ਐਸ.ਨਗਰ, ਮੋਹਾਲੀ,**

**ਈਮੇਲ: directorscert@punjabeducation.gov.in, ਫੋਨ ਨੰ: 0172-2212221**

(ਵੈਬਸਾਈਟ ਰਾਹੀਂ)

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ)
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਸਮੂਹ ਸਕੂਲ ਮੁਖੀ (ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲ)

ਮੀਮੋ ਨੰ: E-213712/SCERT/PTM/2024266618 ਮਿਤੀ: ਸਅਸ ਨਗਰ; 11.10.2024

**ਵਿਸ਼ਾ:- ਮਿਤੀ 18.10.2024 (ਸ਼ੁਕਰਵਾਰ) ਨੂੰ ਸਮੂਹ ਸਰਕਾਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ PTM (INSPIRE MEET) ਦਾ ਆਯੋਜਨ ਕਰਨ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਕੂਲ ਸਿੱਖਿਆ ਵਿਭਾਗ, ਪੰਜਾਬ ਵਲੋਂ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਵਿਭਾਗ ਵਲੋਂ ਵਿਦਿਆਰਥੀਆਂ ਨੂੰ ਗੁਣਾਤਮਿਕ ਸਿੱਖਿਆ ਦੇਣ ਲਈ ਕੀਤੇ ਜਾ ਰਹੇ ਉਪਾਲਿਆਂ ਬਾਰੇ ਵਿਚਾਰ ਚਰਚਾ ਕਰਨ ਅਤੇ ਮਾਪਿਆਂ, ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚਕਾਰ ਬਿਹਤਰ ਤਾਲਮੇਲ ਬਣਾਉਣ ਦੇ ਉਦੇਸ਼ ਨਾਲ ਮਿਤੀ 18.10.2024 ਦਿਨ ਸ਼ੁਕਰਵਾਰ ਨੂੰ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਮਾਪੇ ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

3.0 ਮਾਪੇ ਅਧਿਆਪਕ ਮਿਲਣੀ ਦਾ ਸਮਾਂ ਸਵੇਰੇ 9:00 ਵਜੇ ਤੋਂ ਦੁਪਿਹਰ 2:30 ਵਜੇ ਤੱਕ ਹੋਵੇਗਾ।

4.0 ਮਿਤੀ 18.10.2024 ਨੂੰ ਹੋ ਰਹੀ ਮਾਪੇ ਅਧਿਆਪਕ ਮਿਲਣੀ ਵਿੱਚ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਪ੍ਰੀ-ਪ੍ਰਾਇਮਰੀ ਤੋਂ ਬਾਰ੍ਹਵੀਂ ਜਮਾਤ ਦੇ ਸਮੂਹ ਵਿਦਿਆਰਥੀਆਂ ਦੇ ਮਾਪਿਆਂ ਦੀ 100 ਪ੍ਰਤੀਸ਼ਤ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਦਾ ਟੀਚਾ ਹੈ। ਇਸ ਤੋਂ ਇਲਾਵਾ ਸਕੂਲ ਦੇ ਪੁਰਾਣੇ ਵਿਦਿਆਰਥੀਆਂ (Alumni) ਨੂੰ ਵੀ ਮਾਪੇ ਅਧਿਆਪਕ ਮਿਲਣੀ ਵਿੱਚ ਸੱਦਾ ਦੇਣਾ ਯਕੀਨੀ ਬਣਾਇਆ ਜਾਵੇ।

5.0 ਮਾਪੇ ਅਧਿਆਪਕ ਮਿਲਣੀ (PTM) ਦਾ ਅਜੇਂਡਾ: ਇਸ ਮਾਪੇ ਅਧਿਆਪਕ ਮਿਲਣੀ PTM ਵਿੱਚ ਸਕੂਲ ਮੁਖੀਆਂ ਅਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ ਸਾਂਝੀ ਕਰਨ ਦੇ ਨਾਲ-ਨਾਲ ਉਹਨਾਂ ਦੇ ਸਰੀਰਕ, ਮਾਨਸਿਕ, ਭਾਵਨਾਤਮਕ ਅਤੇ ਸਮਾਜਕ ਵਿਕਾਸ ਬਾਰੇ ਚਰਚਾ, ਆਉਣ ਵਾਲੀਆਂ ਘਰੇਲੂ ਅਤੇ ਸਲਾਨਾ ਪ੍ਰੀਖਿਆਵਾਂ ਲਈ ਘਰ ਅਤੇ ਸਕੂਲ ਵਿੱਚ ਬਿਹਤਰ ਮਾਹੌਲ ਦੀ ਸਿਰਜਣਾ ਅਤੇ ਤਾਲਮੇਲ ਬਾਰੇ ਗੱਲਬਾਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਮਾਪਿਆਂ ਅਤੇ ਆਮ ਲੋਕਾਂ ਨਾਲ ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਗੁਣਾਤਮਕ ਸਿੱਖਿਆ ਸੁਧਾਰਾਂ ਲਈ ਕੀਤੇ ਜਾ ਰਹੇ ਨਵੇਕਲੇ ਉਪਰਾਲਿਆਂ ਜਿਵੇਂ ਕਿ: ਮਿਸ਼ਨ ਸਮਰੱਥ, CEP, ਬੋਰਡ ਦੀਆਂ ਜਮਾਂਤਾ 8ਵੀਂ, 10ਵੀਂ ਅਤੇ 12ਵੀਂ ਲਈ ਮਿਸ਼ਨ 100 ਪ੍ਰਤੀਸ਼ਤ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਵਿਦਿਆਰਥੀਆਂ

ਦੀ ZERO Drop Out ਅਤੇ ਵਿਦਿਆਰਥੀਆਂ ਦੀ ਸਕੂਲ ਵਿੱਚ 100% ਹਾਜ਼ਰੀ ਯਕੀਨੀ ਬਣਾਏ ਜਾਣ ਬਾਰੇ ਚਰਚਾ ਕੀਤੀ ਜਾਵੇਗੀ।

6.0 ਇਸ ਮਾਪੇ-ਅਧਿਆਪਕ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਕੂਲ ਪੱਧਰ ਤੇ ਹੇਠ ਲਿਖੇ ਅਨੁਸਾਰ ਯੋਜਨਾਬੰਦੀ ਉਲੀਕੀ ਜਾਵੇ:

6.1 **ਮਾਪੇ ਅਧਿਆਪਕ ਮਿਲਣੀ ਤੋਂ ਪਹਿਲਾਂ ਕਰਵਾਈਆ ਜਾਣ ਵਾਲੀਆਂ ਗਤੀਵਿਧੀਆਂ ਦਾ ਵੇਰਵਾ**

- ਸਕੂਲ ਦੀ ਸਾਫ਼ ਸਫ਼ਾਈ ਅਤੇ ਸੋਹਣੀ ਦਿੱਖ ਲਈ ਮਿਤੀ 16.10.2024 ਨੂੰ ਸਕੂਲ ਵਿੱਚ School cleanliness Drive ਚਲਾਈ ਜਾਵੇ।
- ਸਕੂਲ ਵੱਲੋਂ ਸਮੂਹ ਵਿਦਿਆਰਥੀਆਂ ਦੇ ਮਾਪਿਆਂ, ਪੰਚਾਇਤ ਮੈਂਬਰਾਂ, ਐੱਸ.ਐੱਮ.ਸੀ ਮੈਂਬਰਾਂ,ਇਲਾਕੇ ਜਾਂ ਪਿੰਡ ਦੇ ਪੱਤਵੰਤੇ ਸੱਜਣਾਂ ਅਤੇ ਲੋਕ ਨੁਮਾਇੰਦਿਆਂ ਨੂੰ ਸੱਦਾ ਦਿੱਤਾ ਜਾਵੇ।
- ਹਰੇਕ ਸਕੂਲ ਦੁਆਰਾ ਨੇੜੇ ਦੇ ਧਾਰਮਿਕ/ਸਰਵਜਨਿਕ ਸਥਾਨਾਂ ਤੋਂ ਅਨਾਊਸਮੈਂਟ ਰਾਹੀਂ ਮਾਪੇ-ਅਧਿਆਪਕ ਮਿਲਣੀ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਜਾਵੇ।
- ਸਕੂਲ ਮੁਖੀਆਂ ਦੁਆਰਾ ਮਾਪੇ-ਅਧਿਆਪਕ ਮਿਲਣੀ ਤੋਂ ਪਹਿਲਾਂ ਅਧਿਆਪਕਾਂ ਅਤੇ SMC ਮੈਂਬਰਾਂ ਨਾਲ ਮੀਟਿੰਗ ਕੀਤੀ ਜਾਵੇ।
- ਅਧਿਆਪਕਾਂ ਦੁਆਰਾ ਲੋੜ ਪੈਣ ਤੇ ਸੀਨੀਅਰ ਜਮਾਤਾਂ ਦੇ ਵਿਦਿਆਰਥੀਆਂ ਦੀਆਂ ਡਿਊਟੀਆਂ ਵੀ ਪਹਿਲਾਂ ਤੋਂ ਹੀ ਲਗਾਈਆਂ ਜਾ ਸਕਦੀਆਂ ਹਨ।
- ਸਕੂਲ ਵੱਲੋਂ ਵਿਦਿਆਰਥੀਆਂ ਦੇ ਵਟਸਐਪ ਗਰੁੱਪਾਂ, ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪੋਸਟਰ, ਆਡੀਓ/ਵੀਡੀਓ ਮੈਸੇਜ ਜਾਗਰੂਕਤਾ ਲਈ ਸਾਂਝੇ ਕੀਤੇ ਜਾ ਸਕਦੇ ਹਨ।
- ਜਮਾਤ ਇੰਚਾਰਜ ਉਹਨਾਂ ਵਿਦਿਆਰਥੀਆਂ ਦੀ ਸੂਚੀ ਤਿਆਰ ਕਰਨਗੇ ਜਿਨ੍ਹਾਂ ਦੇ ਮਾਪੇ ਪਹਿਲਾਂ ਹੋਈਆਂ ਮਾਪੇ-ਅਧਿਆਪਕ ਮਿਲਣੀਆਂ ਵਿੱਚ ਹਾਜਰ ਨਹੀਂ ਹੋਏ। ਅਜਿਹੇ ਵਿਦਿਆਰਥੀਆਂ ਦੀ ਇੱਕ ਸੂਚੀ ਸਬੰਧਤ ਸਕੂਲ ਮੁੱਖੀ ਦੁਆਰਾ ਵੀ ਰੱਖੀ ਜਾਵੇਗੀ। ਤਾਂ ਜੋ ਅਜਿਹੇ ਮਾਪਿਆਂ ਨੂੰ ਸੱਦਾ ਭੇਜ ਕੇ ਮਿਲਣੀ ਵਿੱਚ ਹਾਜਰ ਹੋਣਾ ਯਕੀਨੀ ਬਣਾਇਆ ਜਾ ਸਕੇ।
- ਮਿਤੀ 18.10.2024 ਤੋਂ ਇੱਕ ਹਫਤੇ ਪਹਿਲਾਂ ਰੋਜਾਨਾ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੂੰ ਸਕੂਲ ਮੁਖੀਆਂ ਦੁਆਰਾ ਸੰਬੋਧਨ ਕਰਦੇ ਹੋਏ ਮਾਪੇ-ਅਧਿਆਪਕ ਮਿਲਣੀ ਸੰਬੰਧੀ ਜਾਣਕਾਰੀ ਦਿੱਤੀ ਜਾਵੇ ਅਤੇ ਉਹਨਾਂ ਨੂੰ ਮਾਪੇ-ਅਧਿਆਪਕ ਮਿਲਣੀ ਵਾਲੇ ਦਿਨ ਆਪਣੇ ਮਾਪਿਆਂ ਨੂੰ ਨਾਲ ਲੈ ਕੇ ਆਉਣ ਲਈ ਪ੍ਰੇਰਿਤ ਕੀਤਾ ਜਾਵੇ।

6.2 ਮਿਤੀ 18.10.2024 ਨੂੰ ਮਾਪੇ-ਅਧਿਆਪਕ ਮਿਲਣੀ ਵਾਲੇ ਦਿਨ ਦੀਆਂ ਗਤੀਵਿਧੀਆਂ :

- ਮਾਪੇ-ਅਧਿਆਪਕ ਮਿਲਣੀ ਦੇ ਸਫ਼ਲ ਆਯੋਜਨ ਲਈ ਮਿਤੀ 18.10.2024 ਨੂੰ ਸਮੂਹ ਸਕੂਲ ਸਟਾਫ਼ ਸਕੂਲ ਵਿੱਚ ਹਾਜ਼ਰ ਰਹੇਗਾ। ਸਕੂਲ ਮੁੱਖੀ ਦੀ ਅਗਵਾਈ ਵਿੱਚ ਪੂਰੇ ਸਟਾਫ਼ ਦੇ ਸਹਿਯੋਗ ਨਾਲ ਮਾਪੇ-ਅਧਿਆਪਕ ਮਿਲਣੀ ਦੇ ਆਯੋਜਨ ਨੂੰ ਪੂਰੇ ਪ੍ਰਭਾਵਸ਼ਾਲੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇ।
- ਸਕੂਲ ਦੇ ਵਿਦਿਆਰਥੀ ਆਪਣੇ ਮਾਪਿਆਂ ਦੇ ਨਾਲ ਮਾਪੇ-ਅਧਿਆਪਕ ਮਿਲਣੀ ਵਿੱਚ ਭਾਗ ਲੈਣਗੇ।

- ਵਿਦਿਆਰਥੀ ਦੇ ਮਾਪਿਆਂ ਦਾ ਵਿਦਿਆਰਥੀਆਂ ਜਾਂ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਸਕੂਲ ਵਿੱਚ ਸਵਾਗਤ ਕੀਤਾ ਜਾਵੇ।
- ਮਾਪੇ-ਅਧਿਆਪਕ ਮਿਲਣੀ ਸਮੇਂ ਮਾਪਿਆਂ ਅਤੇ ਵਿਦਿਆਰਥੀਆਂ ਨਾਲ ਗਲਬਾਤ ਕਰਨ ਲਈ ਦੋਹਾਂ ਲਈ ਬੈਠਣ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ।
- ਮਾਪਿਆਂ ਅਤੇ ਕਮਿਊਨਿਟੀ ਮੈਂਬਰਾਂ ਲਈ ਬੈਠਣ ਅਤੇ ਚਾਹਪਾਣੀ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ।

6.3 ਸਕੂਲ ਮੁਖੀ ਦੁਆਰਾ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਉਤਸਾਹਿਤ ਕਰਨਾ:

- ਸਕੂਲ ਮੁਖੀ ਦੁਆਰਾ ਵਿਦਿਆਰਥੀਆਂ ਦੇ ਮਾਪਿਆਂ ਦਾ ਖਿੜੇ ਮੱਥੇ ਸੁਆਗਤ ਕੀਤਾ ਜਾਵੇ। ਉਹਨਾਂ ਨਾਲ ਸਕੂਲ ਬਾਰੇ ਚਰਚਾ ਅਤੇ ਗੱਲਬਾਤ ਕੀਤੀ ਜਾਵੇ।
- ਸਕੂਲ ਮੁਖੀ ਦੁਆਰਾ ਵਿਦਿਆਰਥੀਆਂ ਨੂੰ ਸਕੂਲ ਦੀਆਂ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੱਧੇਰੇ ਭਾਗੀਦਾਰੀ, ਹਾਜ਼ਰੀ ਵਿੱਚ ਵਾਧਾ ਕਰਨ ਲਈ ਉਤਸਾਹਿਤ ਕੀਤਾ ਜਾਵੇ।
- ਸਕੂਲ ਮੁਖੀ ਦੁਆਰਾ ਮਾਪਿਆਂ ਨੂੰ ਘਰ ਵਿਖੇ ਵਿਦਿਆਰਥੀਆਂ ਦੀ ਪੜ੍ਹਾਈ ਲਈ ਸਮਾਂ ਸਾਰਣੀ ਬਣਾਉਣ, ਬੱਚਿਆਂ ਦੇ ਨਾਲ ਘਰ ਵਿੱਚ ਸਮਾਂ ਬਿਤਾਉਣ, ਗਤੀਵਿਧੀਆਂ ਕਰਨ ਅਤੇ ਆਉਣ ਵਾਲੇ ਸਮੇਂ ਦੌਰਾਨ ਸਕੂਲ ਦੀਆਂ ਹੋਣ ਵਾਲੀਆਂ ਗਤੀਵਿਧੀਆਂ ਜਿਵੇਂ ਕਿ, ਸਲਾਨਾ ਸਮਾਗਮ, PTM ਆਦਿ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਲਈ ਉਤਸਾਹਿਤ ਕੀਤਾ ਜਾਵੇ।
- ਸਕੂਲ ਮੁਖੀ ਮਾਪਿਆਂ ਨੂੰ ਸਿੱਖਿਆ ਵਿਭਾਗ ਦੁਆਰਾ ਕੀਤੀਆਂ ਜਾ ਰਹੀਆਂ ਨਵੀਆਂ ਪਹਿਲਕਦਮੀਆਂ ਜਿਵੇਂ ਕਿ ਮਿਸ਼ਨ ਸਮਰੱਥ, CEP, ਬੋਰਡ ਦੀਆਂ ਜਮਾਂਤਾ 8ਵੀਂ, 10ਵੀਂ ਅਤੇ 12ਵੀਂ ਲਈ ਮਿਸ਼ਨ 100 ਪ੍ਰਤੀਸ਼ਤ ਮੁਹਿੰਮ ਸੰਬੰਧੀ ਜਾਣਕਾਰੀ ਦੇਣ।

6.4 ਅਧਿਆਪਕਾਂ ਦੁਆਰਾ ਮਾਪਿਆਂ ਨਾਲ ਹੇਠ ਅਨੁਸਾਰ ਵਿਚਾਰ ਚਰਚਾ ਕੀਤੀ ਜਾਵੇ ਅਤੇ ਸੁਝਾਅ ਸਾਂਝੇ ਕੀਤੇ ਜਾਣ -

- ਅਧਿਆਪਕਾਂ ਦੁਆਰਾ ਮਾਪਿਆਂ ਨਾਲ ਵਿਦਿਆਰਥੀ ਦੀ ਕਿਸੇ ਵੀ ਖੇਤਰ ਨਾਲ ਜੁੜੀ ਚੰਗੀ ਕਾਰਗੁਜਾਰੀ, ਪ੍ਰਾਪਤੀਆਂ, ਉਸਦੀਆਂ ਰੁਚੀਆਂ ਅਤੇ ਚੰਗੇ ਗੁਣਾਂ ਬਾਰੇ ਚਰਚਾ ਕੀਤੀ ਜਾਵੇ। ਅਧਿਆਪਕ ਵਲੋਂ ਮਾਪਿਆਂ ਨੂੰ ਸਤਬੰਰ ਟਰਮ ਪ੍ਰੀਖਿਆ ਦੇ ਨਤੀਜਿਆਂ ਦੇ ਨਾਲ ਨਾਲ ਉਪਰੋਕਤ ਸਬੰਧੀ ਲਿਖਤੀ ਰਿਪੋਰਟ ਦਿੱਤੀ ਜਾਵੇ।
- ਸਤਬੰਰ ਟਰਮ ਪ੍ਰੀਖਿਆ ਦੇ ਨਤੀਜਿਆਂ ਵਿੱਚ ਵਿਦਿਆਰਥੀ ਦੀ ਕਾਰਗੁਜਾਰੀ ਨੂੰ ਸਕਾਰਾਤਮਕ ਤਰੀਕੇ ਨਾਲ ਮਾਪਿਆਂ ਨਾਲ ਸਾਂਝਾਂ ਕੀਤਾ ਜਾਵੇ ਅਤੇ ਉਸ ਵਲੋਂ ਹੋਰ ਵੱਖ ਵੱਖ ਖੇਤਰਾਂ ਵਿੱਚ ਵਧੇਰੇ ਚੰਗਾ ਕੀਤੇ ਜਾਣ ਦੀਆਂ ਸੰਭਾਵਨਾਵਾਂ ਅਤੇ ਇਸ ਸਬੰਧੀ ਅਧਿਆਪਕ ਅਤੇ ਮਾਪਿਆ ਵਲੋਂ ਕੀ ਕੀਤਾ ਜਾ ਸਕਦਾ ਹੈ ਬਾਰੇ ਵਿੱਚ ਵਿਚਾਰ ਚਰਚਾ ਕੀਤੀ ਜਾਵੇ।
- ਇਹ ਯਕੀਨੀ ਬਣਾਇਆ ਜਾਵੇ ਕਿ ਵਿਚਾਰ ਚਰਚਾ ਵਿੱਚ ਵਿਦਿਆਰਥੀ ਨੂੰ ਵੀ ਸ਼ਾਮਿਲ ਕੀਤਾ ਜਾਵੇ, ਉਸਨੂੰ ਸਹਿਜ ਰੱਖਿਆ ਜਾਵੇ ਅਤੇ ਪੂਰੀ ਭਾਗੀਦਾਰੀ ਦਾ ਮੌਕਾ ਦਿੱਤਾ ਜਾਵੇ।

- ਅਧਿਆਪਕਾਂ ਦੁਆਰਾ ਮਾਪਿਆਂ ਨੂੰ ਬੱਚਿਆਂ ਨਾਲ ਸਮਾਂ ਬਿਤਾਉਣ ਅਤੇ ਘਰ ਵਿੱਚ ਉਹਨਾਂ ਦੀ ਪੜ੍ਹਾਈ ਲਈ ਸਮਾਂ ਤੈਅ ਕਰਨ ਲਈ ਸੁਝਾਅ ਦਿੱਤਾ ਜਾ ਸਕਦਾ ਹੈ।
- ਅਧਿਆਪਕਾਂ ਦੁਆਰਾ ਮਾਪਿਆਂ ਨੂੰ ਸੁਝਾਅ ਦਿੱਤਾ ਜਾਵੇ ਕਿ ਮਾਪਿਆਂ ਵਲੋਂ ਵਿਦਿਆਰਥੀਆਂ ਦੇ ਟੈਲੀਵਿਜ਼ਨ ਅਤੇ ਫ਼ੋਨ ਦੀ ਵਰਤੋ ਦੇ ਸਮੇ ਨੂੰ ਘਟਾਉਣ ਲਈ ਯਤਨ ਕੀਤੇ ਜਾਣ।
- ਅਧਿਆਪਕਾਂ ਦੁਆਰਾ ਮਾਪਿਆਂ ਨੂੰ ਸੁਝਾਅ ਦਿੱਤਾ ਜਾਵੇ ਕਿ ਮਾਪਿਆਂ ਵਲੋਂ ਵਿਦਿਆਰਥੀਆਂ ਦੀ ਹੋਮਵਰਕ ਅਤੇ ਹੋਰ ਗਤੀਵਿਧੀਆਂ ਵਿੱਚ ਘਰ ਵਿੱਚ ਮਦਦ ਕੀਤੀ ਜਾਵੇ।
- ਮਾਪਿਆਂ ਵਲੋਂ ਬੱਚਿਆਂ ਤੋਂ ਸਕੂਲ ਵਿੱਚ ਉਹਨਾਂ ਦੀ ਪੂਰੇ ਦਿਨ ਦੀ ਕਾਰਗੁਜਾਰੀ ਬਾਰੇ ਪੁੱਛਿਆ ਜਾਵੇ।
- ਮਾਪਿਆਂ ਅਤੇ ਵਿਦਿਆਰਥੀਆਂ ਨੂੰ ਪੀਟੀਐਮ ਸਬੰਧੀ ਫੀਡਬੈਕ ਲਈ Google form ਭਰਨ ਲਈ ਪ੍ਰੇਰਿਤ ਕੀਤਾ ਜਾਵੇ।

6.5 ਸਕੂਲ ਮੁੱਖੀ ਦੇ ਕੰਮ:

- ਸਕੂਲ ਮੁੱਖੀ ਦੁਆਰਾ ਮਾਪਿਆਂ ਤੋਂ ਪ੍ਰਾਪਤ ਫੀਡਬੈਕ ਨੂੰ ਨੋਟ ਕੀਤਾ ਜਾਵੇ ਅਤੇ ਵਿਭਾਗ ਵਲੋਂ ਭੇਜੇ ਗਏ Google form ਰਾਹੀਂ ਮਾਪਿਆਂ ਦੀ ਫੀਡਬੈਕ ਨੂੰ ਮੁੱਖ ਦਫਤਰ ਨਾਲ ਸਾਂਝਾ ਕੀਤਾ ਜਾਵੇ ਤਾਂ ਜੋ ਵਿਦਿਆਰਥੀਆਂ ਦੇ ਅਕਾਦਮਿਕ ਸੁਧਾਰਾਂ ਲਈ ਯੋਗ ਸੁਝਾਵਾਂ ਨੂੰ ਲਾਗੂ ਕੀਤਾ ਜਾ ਸਕੇ। ਸਮੂਹ ਸਕੂਲ ਮੁੱਖੀ ਮਾਪੇ - ਅਧਿਆਪਕ ਮਿਲਣੀ ਸੰਬੰਧੀ ਫੋਟੋਆਂ ਬਲਾਕ/ਜ਼ਿਲ੍ਹਾ ਗਰੁੱਪ ਵਿੱਚ ਸਾਂਝੀਆਂ ਕਰਨਗੇ।
- ਮਾਪੇ-ਅਧਿਆਪਕ ਮਿਲਣੀ ਦੋਰਾਨ ਇੱਕ ਸੁਝਾਅ ਬਾਕਸ ਰੱਖਿਆ ਜਾਵੇ ਅਤੇ ਬੱਚਿਆਂ ਅਤੇ ਮਾਪਿਆਂ ਨੂੰ ਇਸ ਸੁਝਾਅ ਬਾਕਸ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਜਾਵੇ।
- ਸਮੂਹ ਸਕੂਲ ਮੁੱਖੀ ਮਾਪੇ ਅਧਿਆਪਕ ਮਿਲਣੀ ਤੋਂ ਬਾਅਦ ਆਪਣੇ ਸਕੂਲ ਦੀ ਰਿਪੋਰਟ ਮਿਤੀ 18.10.2024 ਨੂੰ ਹੀ ਸ਼ਾਮ 4 ਵਜੇ ਤੱਕ ਮੁੱਖ ਦਫਤਰ ਵਲੋਂ ਭੇਜੇ ਗਏ Google form ਲਿੰਕ ਤੇ ਉਪਲਬਧ ਪ੍ਰੋਫਾਰਮੇ ਤੇ ਅਪਲੋਡ ਕਰਨਾ ਯਕੀਨੀ ਬਣਾਉਣਗੇ।

7.0 **ਮਾਪੇ ਅਧਿਆਪਕ ਮਿਲਣੀ PTM ਦਾ ਨਿਰੀਖਣ** :ਇਸ ਮਾਪੇ ਅਧਿਆਪਕ ਮਿਲਣੀ ਦੌਰਾਨ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਇਲਾਵਾ ਜਨਤਕ ਨੁਮਾਇੰਦਿਆਂ, ਜਿਲ੍ਹੇ ਦੇ ਡਿਪਟੀ ਕਮਿਸ਼ਨਰ ਸਹਿਬਾਨ, ਐਸ.ਡੀ.ਐਮ ਸਹਿਬਾਨ, ਜ਼ਿਲ੍ਹਾ ਨੋਡਲ ਅਫਸਰ/ਸਹਾਇਕ ਡਾਇਰੈਕਟਰ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਡਾਇਟ ਪ੍ਰਿੰਸੀਪਲ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ, ਜਿਲ੍ਹਾ ਰਿਸੋਰਸ ਕੋਆਰਡੀਨੇਟਰਾਂ, ਬਲਾਕ ਰਿਸੋਰਸ ਕੋਆਰਡੀਨੇਟਰਾਂ, ਬੀ.ਐਨ.ਓ ਅਤੇ ਕਲਸਟਰ ਮੁਖੀਆਂ ਦੁਆਰਾ ਸਕੂਲਾਂ ਦਾ ਦੌਰਾ ਕੀਤਾ ਜਾਣਾ ਹੈ।

7.1 ਅਧਿਕਾਰੀਆਂ ਵਲੋਂ ਸਕੂਲਾਂ ਦਾ ਦੌਰਾ ਕਰਨ ਸਮੇਂ ਨਿਮਨ ਲਿਖਤ ਕਾਰਜ ਕੀਤੇ ਜਾਣੇ ਹਨ:

- ਮਾਪੇ ਅਧਿਆਪਕ ਮਿਲਣੀ ਵਾਲੇ ਦਿਨ ਸਕੂਲਾਂ ਦਾ ਦੌਰਾ ਕਰਨਾ, ਪੀਟੀਐਮ ਦੀਆਂ ਗਤੀਵਿਧੀਆਂ ਦਾ ਨਿਰੀਖਣ ਕਰਨਾ ਅਤੇ ਸਕੂਲ ਪ੍ਰਬੰਧ ਅਤੇ ਸਿੱਖਣ ਸੁਧਾਰਾਂ ਬਾਰੇ ਮਾਪਿਆਂ ਤੋਂ ਸੁਝਾਅ ਲੈਣਾ।

- ਅਧਿਆਪਕਾਂ ਨੂੰ ਉਤਸ਼ਾਹਿਤ ਕਰਨਾ ਅਤੇ ਮਾਪਿਆਂ ਨੂੰ ਮਿਸ਼ਨ ਸਮਰੱਥ, Competency Enhancement Plan ਅਤੇ ਸਿੱਖਿਆ ਵਿਭਾਗ ਦੇ ਗੁਣਾਤਮਕ ਸਿੱਖਿਆ ਸੁਧਾਰਾਂ ਲਈ ਕੀਤੇ ਜਾ ਰਹੇ ਨਵੇਕਲੇ ਉਪਰਾਲਿਆਂ ਸੰਬੰਧੀ ਮਾਪਿਆਂ ਨਾਲ ਗੱਲਬਾਤ ਕਰਨਾ।

- ਮਾਪੇ-ਅਧਿਆਪਕ ਮਿਲਣੀ ਦੌਰਾਨ ਪ੍ਰਾਪਤ ਵਧੀਆ ਅਨੁਭਵਾਂ ਅਤੇ ਸੁਧਾਰਾਂ ਦੇ ਸੁਝਾਵਾਂ ਨੂੰ ਵਿਭਾਗ ਦੇ ਸਬੰਧਤ ਅਧਿਕਾਰੀਆਂ ਨਾਲ ਸਾਂਝਾ ਕਰਨਾ।

- ਮਾਪੇ ਅਧਿਆਪਕ ਮਿਲਣੀ ਸਬੰਧੀ ਆਪਣੀ ਨਿਰੀਖਣ ਰਿਪੋਰਟ ਵਿਭਾਗ ਵਲੋਂ ਜਾਰੀ Google form ਲਿੰਕ ਰਾਹੀਂ ਭਰਨਾ।

8.0 ਮੁੱਖ ਦਫਤਰ ਵਲੋਂ 2.2.1 Community Mobilization (Elementary), 2.2.2 Community Mobilization (Secondary) ਗਤੀਵਿਧੀਆਂ ਅਧੀਨ ਫੰਡ ਜਾਰੀ ਕਰ ਦਿੱਤੇ ਗਏ ਹਨ।

9.0 ਉਕਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

10.0 ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

**ਕਮਲ ਕਿਸ਼ੋਰ ਯਾਦਵ, ਆਈ.ਏ.ਐਸ.**
**ਸਕੱਤਰ ਸਕੂਲ ਸਿੱਖਿਆ, ਪੰਜਾਬ**

ਪਿੱਠ ਅੰਕਣ ਨੰਬਰ: ਉੱਕਤ                                        ਮਿਤੀ: ਸਅਸ ਨਗਰ ; 11.10.2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ:

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ ਜੀ
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ
3. ਨਿ. ਸ./ ਡਾਇਰੈਕਟਰ ਜਨਰਲ ਸਕੂਲ ਸਿੱਖਿਆ
4. ਨਿ. ਸ./ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ (ਚ)
5. ਨਿ.ਸ./ਵਧੀਕ ਸਕੱਤਰ ਸਕੂਲ ਸਿੱਖਿਆ
6. ਨਿ.ਸ./ਡਾਇਰੈਕਟਰ ਸਕੂਲ ਸਿੱਖਿਆ (ਸੈ.ਸਿ.)
7. ਨਿ.ਸ./ਡਾਇਰੈਕਟਰ ਸਕੂਲ ਸਿੱਖਿਆ (ਐ.ਸਿ.)
8. ਨਿ.ਸ./ਡਾਇਰੈਕਟਰ ਐਸ.ਸੀ.ਈ.ਆਰ.ਟੀ.
9. ਸਮੂਹ ਸਹਾਇਕ ਡਾਇਰੈਕਟਰ
10. ਸਮੂਹ ਪ੍ਰਿੰਸੀਪਲ ਡਾਇਟ
11. ਸਮੂਹ ਜਿਲ੍ਹਾ ਅਤੇ ਬਲਾਕ ਰਿਸੋਰਸ ਕੋਆਰਡੀਨੇਟਰ

**(ਅਮਨਿੰਦਰ ਕੌਰ, ਪੀ.ਸੀ.ਐਸ.)**
**ਡਾਇਰੈਕਟਰ**
**ਰਾਜ ਵਿੱਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ**